# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈਕੰਡਰੀ ਸਿੱਖਿਆ) ਪੰਜਾਬ

ਹੁਕਮ ਨੰ : 6/50-13 ਅ-2 (7)(ਕੋ:ਸੈਲ-2)/

ਮਿਤੀ : 14-07-15

ਦੋਸ਼ ਸੂਚੀ

ਸ਼੍ਰੀ ਅਮਿੰਦਰਪਾਲ ਸਿੰਘ, ਡੀ.ਪੀ.ਈ, ਸ.ਸ.ਸ.ਸ ਡਾਲਾ (ਲ), ਜ਼ਿਲਾ ਮੋਗਾ ਨੂੰ ਇਸ ਪੱਤਰ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਉਸ ਦੇ ਵਿਰੁੱਧ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੀ ਧਾਰਾ 8 ਦੇ ਨਿਯਮ 5 (v ਤੋਂ ix) ਤਹਿਤ ਇਸ ਪੱਤਰ ਨਾਲ ਨੱਥੀ ਕੀਤੇ ਦੋਸ਼ ਵਿਵਰਣ ਵਿੱਚ ਦਰਸਾਏ ਦੋਸ਼ਾਂ ਸਬੰਧੀ ਕਾਰਵਾਈ ਕਰਨ ਦੀ ਤਜ਼ਵੀਜ਼ ਹੈ ।

2. ਉਸ ਨੂੰ ਦੱਸਿਆ ਜਾਂਦਾ ਹੈ ਕਿ ਉਹ ਇਸ ਪੱਤਰ ਦੀ ਪਹੁੰਚ ਤੋ 21 ਦਿਨਾਂ ਦੇ ਅੰਦਰ-ਅੰਦਰ ਲਿਖਤੀ ਰੂਪ ਵਿੱਚ ਦੱਸੇ ਕਿ ਉਹ ਇਹਨਾਂ ਸਾਰਿਆਂ ਜਾਂ ਕਿਸੇ ਦੋਸ਼ ਨੂੰ ਮੰਨਦਾ ਹੈ ਜਾਂ ਇਸ ਬਾਰੇ ਕੋਈ ਜਵਾਬ ਪੇਸ਼ ਕਰਨਾ ਚਾਹੁੰਦਾ ਹੈ।

3. ਉਸ ਨੂੰ ਇਸ ਪੱਤਰ ਰਾਂਹੀ ਇਹ ਵੀ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਉਹ ਆਪਣਾ ਲਿਖਤੀ ਜਵਾਬ ਤਿਆਰ ਕਰਨ ਲਈ ਕੋਈ ਸਬੰਧਤ ਰਿਕਾਰਡ ਵੇਖਣਾ ਚਾਹੇ ਤਾਂ ਉਹ ਡਾਇਰੈਕਟੋਰੇਟ/ਸਬੰਧਤ ਜਿਲਾ ਸਿਖਿਆ ਅਫਸਰ (ਸੈ:ਸਿ) ਦੇ ਦਫਤਰ ਵਿਚ ਇਸ ਪੱਤਰ ਦੀ ਪਹੁੰਚ ਤੋਂ ਇੱਕ ਹਫਤੇ ਦੇ ਅੰਦਰ-ਅੰਦਰ ਵੇਖ ਸਕਦਾ ਹੈ। ਉਸ ਨੂੰ ਇਹ ਦੱਸਿਆ ਜਾਂਦਾ ਹੈ ਕਿ ਉਸ ਨੂੰ ਕੇਵਲ ਉਹੀ ਰਿਕਾਰਡ ਵਿਖਾਇਆ ਜਾਵੇਗਾ ਜੋ ਉਪਰੋਕਤ ਅਫਸਰ ਦੇ ਪਾਸ ਹੋਵੇਗਾ ਅਤੇ ਜਿਸ ਦਾ ਸਿੱਧਾ ਸਬੰਧ ਇਸ ਕੇਸ ਨਾਲ ਹੋਵੇਗਾ। ਜੇਕਰ ਉਸ ਅਫਸਰ ਦੀ ਰਾਇ ਵਿੱਚ ਇਹ ਰਿਕਾਰਡ ਵਿਖਾਉਣਾ ਲੋਕ ਹਿੱਤ ਵਿੱਚ ਨਹੀਂ ਹੋਵੇਗਾ ਤਾਂ ਉਹ ਰਿਕਾਰਡ ਵਿਖਾਉਣ ਤੋਂ ਨਾਂਹ ਕਰ ਸਕਦਾ ਹੈ। ਜੇਕਰ ਉਹ ਕੋਈ ਹੋਰ ਸਬੰਧਤ ਰਿਕਾਰਡ, ਜੋ ਉਸ ਦਫਤਰ ਪਾਸ ਨਾ ਹੋਵੇ, ਵੇਖਣਾ ਚਾਹੇ ਤਾਂ ਉਸ ਦਾ ਸਬੰਧਤ ਰਿਕਾਰਡ ਨੂੰ ਨਾ ਵੇਖਣਾ ਉਸ ਦੇ ਲਿਖਤੀ ਜਵਾਬ ਦੇਰ ਨਾਲ ਦੇਣ ਦਾ ਯੋਗ ਕਾਰਣ ਨਹੀਂ ਮੰਨਿਆ ਜਾਵੇਗਾ ਅਤੇ ਲਿਖਤੀ ਜਵਾਬ ਇਸ ਪੱਤਰ ਦੇ ਨਿਸਚਿਤ ਸਮੇਂ ਦੇ ਅੰਦਰ ਅੰਦਰ ਸਹੀ ਕਰਤਾ ਨੂੰ ਨਾ ਮਿਲਿਆ ਤਾਂ ਇਹ ਸਮਝਿਆ ਜਾਵੇਗਾ ਕਿ ਉਸ ਨੇ ਕੋਈ ਜਵਾਬ ਨਹੀਂ ਦੇਣਾ। ਜਵਾਬ ਨਾ ਦੇਣ ਦੀ ਸੂਰਤ ਵਿੱਚ ਕੇਸ ਦਾ ਇਕ ਤਰਫਾ ਫੈਸਲਾ ਕੇਸ ਦੇ ਗੁਣ ਦੋਸ਼ਾਂ ਦੇ ਆਧਾਰ ਤੇ ਕਰ ਦਿੱਤਾ ਜਾਵੇਗਾ।

ਲਿੱਖਤੀ ਜਵਾਬ ਜ਼ਿਲ੍ਹਾ ਸਿਖਿਆ ਅਫਸਰ (ਸੈ:ਸਿ:), ਮੋਗਾ ਰਾਂਹੀਂ ਭੇਜਿਆ ਜਾਵੇ ਅਤੇ ਇਸ ਦੀ ਇੱਕ ਕਾਪੀ ਇਸ ਦਫਤਰ ਨੂੰ ਭੇਜੀ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।

ਡਾਇਰੈਕਟਰ ਸਿੱਖਿਆ ਵਿਭਾਗ(ਸੈ:ਸਿ) ਪੰਜਾਬ

(ਰਜਿ)

ਸ਼੍ਰੀ ਅਮਿੰਦਰਪਾਲ ਸਿੰਘ, ਡੀ.ਪੀ.ਈ,
ਸ.ਸ.ਸ.ਸ ਡਾਲਾ (ਲ), ਜ਼ਿਲਾ ਮੋਗਾ।

ਪਿੱਠ ਅੰਕਣ ਨੰ: 13803 - 05 ਮਿਤੀ :ਐਸ.ਏ.ਐਸ ਨਗਰ 23/7/15

ਉਤਾਰਾ ਹੇਠ ਲਿਖਿਆਂ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਉਪਰੋਕਤ ਕਰਮਚਾਰੀ ਦਾ ਉੱਤਰ ਨਿਸ਼ਚਿਤ ਸਮੇਂ ਦੇ ਅੰਦਰ-ਅੰਦਰ ਪ੍ਰਾਪਤ ਕਰਕੇ ਆਪਣੀ ਟਿੱਪਣੀ ਸਹਿਤ ਇਸ ਦਫਤਰ ਨੂੰ ਭੇਜਿਆ ਜਾਵੇ।

1. ਜਿਲਾ ਸਿਖਿਆ ਅਫਸਰ (ਸੈ: ਸਿ:), ਮੋਗਾ।
2. ਪ੍ਰਿੰਸੀਪਲ, ਸ.ਸ.ਸ.ਸ ਡਾਲਾ (ਲ), ਜ਼ਿਲਾ ਮੋਗਾ।

ਸੁਪਰਡੈਂਟ ਕੋਆਰਡੀਨੇਸ਼ਨ ਸੈਲ

<u>ਦੋਸ ਸੂਚੀ</u>

ਸ਼੍ਰੀ ਅਮਿੰਦਰਪਾਲ ਸਿੰਘ, ਡੀ.ਪੀ.ਈ, ਸ.ਸ.ਸ.ਸ ਡਾਲਾ (ਲ), ਜ਼ਿਲਾ ਮੋਗਾ ਮਿਤੀ 25-10-2008 ਤੋਂ ਅਣ-ਅਧਿਕਾਰਤ ਤੌਰ ਤੇ ਗੈਰ-ਹਾਜ਼ਰ ਚਲਿਆ ਆ ਰਿਹਾ ਹੈ। ਅਜਿਹਾ ਕਰਕੇ ਉਸਨੇ ਆਪਣੇ ਆਪ ਨੂੰ ਦੋਸ਼ੀ ਬਣਾਇਆ ਹੈ ਅਤੇ ਪੰਜਾਬ ਸਿਵਲ ਸੇਵਾ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੀ ਧਾਰਾ 8 ਦੇ ਨਿਯਮ 5 (v ਤੋਂ ix) ਤਹਿਤ ਸਜ਼ਾ ਦਾ ਭਾਗੀ ਬਣਾਇਆ ਹੈ।

ਡਾਇਰੈਕਟਰ ਸਿੱਖਿਆ ਵਿਭਾਗ(ਸੈ:ਸਿ) ਪੰਜਾਬ

<u>ਦੋਸ਼ ਵਿਵਰਣ</u>

ਸ਼੍ਰੀ ਅਮਿੰਦਰਪਾਲ ਸਿੰਘ, ਡੀ.ਪੀ.ਈ, ਸ.ਸ.ਸ.ਸ ਡਾਲਾ (ਲ), ਜ਼ਿਲਾ ਮੋਗਾ ਵਿਰੁੱਧ ਦੋਸ਼ ਹੈ ਕਿ ਉਹ ਮਿਤੀ 25-10-2008 ਤੋਂ ਆਪਣੀ ਡਿਊਟੀ ਤੋਂ ਜਾਣ ਬੁੱਝ ਕੇ ਅਣ-ਅਧਿਕਾਰਤ ਤੌਰ ਤੇ ਗੈਰ-ਹਾਜ਼ਰ ਚੱਲਿਆ ਆ ਰਿਹਾ ਹੈ।

ਅਜਿਹਾ ਕਰਕੇ ਕਰਮਚਾਰੀ ਨੇ ਕੰਡਕਟ ਰੂਲਾਂ ਦੀ ਘੋਰ ਉਲੰਘਣਾ ਕੀਤੀ ਹੈ ਅਤੇ ਆਪਣੇ ਆਪ ਨੂੰ ਦੋਸ਼ੀ ਬਣਾਇਆ ਹੈ ਅਤੇ ਪੰਜਾਬ ਸਿਵਲ ਸੇਵਾ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੀ ਧਾਰਾ 8 ਦੇ ਨਿਯਮ 5 (v ਤੋਂ ix) ਅਧੀਨ ਸਜਾ ਦਾ ਭਾਗੀ ਬਣਾਇਆ ਹੈ।

ਡਾਇਰੈਕਟਰ ਸਿੱਖਿਆ ਵਿਭਾਗ(ਸੈ:ਸਿ) ਪੰਜਾਬ

## ਦਸਤਾਵੇਜ਼ਾਂ ਦੀ ਸੂਚੀ

1 ਕਰਮਚਾਰੀ ਦੀ ਗੈਰ ਹਾਜ਼ਰੀ ਬਾਰੇ ਜ਼ਿਲਾ ਸਿਖਿਆ ਅਫਸਰ (ਸੈ:ਸਿ:), ਮੋਗਾ ਦੇ ਦਫਤਰ ਦੀ ਸਬੰਧਤ ਮਿਸਲ।

2 ਸਬੰਧਤ ਸਕੂਲ ਦਾ ਹਾਜ਼ਰੀ ਰਜਿਸਟਰ ਅਤੇ ਹੋਰ ਰਿਕਾਰਡ।

ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ) ਪੰਜਾਬ

## ਗਵਾਹਾਂ ਦੀ ਸੂਚੀ

1. ਜ਼ਿਲਾ ਸਿਖਿਆ ਅਫਸਰ (ਸੈ:ਸਿ:), ਮੋਗਾ ਦੇ ਦਫਤਰ ਦਾ ਸਬੰਧਤ ਡੀਲਿੰਗ ਸਹਾਇਕ।

2. ਸਬੰਧਤ ਸਕੂਲ ਮੁੱਖੀ।

ਡਾਇਰੈਕਟਰ ਸਿੱਖਿਆ ਵਿਭਾਗ(ਸੈ:ਸਿ) ਪੰਜਾਬ